# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :06-07-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

ਸਹਿਕਾਰਿਤਾ ਮੰਤਰੀ ਅਮਿਤ ਸ਼ਾਹ ਨੇ ਕਿਹੈ ਕਿ ਸਹਿਕਾਰੀ ਲਹਿਰ, ਸੁਧਾਰਾਂ, ਡਿਜੀਟਾਈਜ਼ੇਸ਼ਨ ਅਤੇ ਪੇਸ਼ੇਵਰ ਪ੍ਰਬੰਧਨ ਰਾਹੀਂ, ਪਸਾਰ ਦੇ ਇੱਕ ਨਵੇਂ ਪੜਾਅ ਵਿੱਚ ਦਾਖਲ ਹੋ ਰਹੀ ਏ।

ਦੇਸ਼ ਅੱਜ ਭਾਰਤੀ ਜਨ ਸੰਘ ਦੇ ਸੰਸਥਾਪਕ, ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125 ਵੀਂ ਜਨਮ ਵਰ੍ਹੇਗੰਢ 'ਤੇ ਓਹਨਾਂ ਨੂੰ ਨਮਨ ਕਰ ਰਿਹਾ ਏ। ਪੰਜਾਬ ਤੇ ਚੰਡੀਗੜ੍ਹ ਵਿਚ ਵੀ ਇਸ ਸੰਬੰਧੀ ਪ੍ਰੋਗ੍ਰਾਮ ਕਰਾਏ ਗਏ |

17ਵੇਂ ਰਾਸ਼ਟਰੀ ਯੁਵਾ ਸੰਸਦ ਮੁਕਾਬਲਿਆਂ , 2024-25 ਵਿਚ ਪੰਜਾਬ ਦੇ ਦੋ ਅਤੇ ਹਰਿਆਣਾ ਦੇ ਇਕ ਵਿਦਿਅਕ ਅਦਾਰੇ ਨੂੰ ਜੇਤੂ ਐਲਾਨਿਆ ਗਿਆ ਏ |

ਪੰਜਾਬ ਸਰਕਾਰ ਵਲੋਂ  ਆਨਲਾਈਨ ਐਨ.ਆਰ.ਆਈ. ਮਿਲਣੀ' 8 ਜੁਲਾਈ, ਨੂੰ ਹੋਏਗੀ |

ਭਾਰਤ ਦੀ ਮਰਦਾਂ ਦੀ ਅੰਡਰ-18 ਹਾਕੀ ਟੀਮ ਲਈ 11 ਦਿਨਾਂ ਦਾ ਰਾਸ਼ਟਰੀ ਕੋਚਿੰਗ ਕੈਂਪ ਚੰਡੀਗੜ੍ਹ ਦੇ ਪੰਜਾਬ ਯੂਨੀਵਰਸਿਟੀ ਕੈਂਪਸ ਵਿੱਚ ਅੱਜ ਤੋਂ 17 ਜੁਲਾਈ, ਤੱਕ ਲਾਇਆ ਜਾ ਰਿਹਾ ਏ |

ਹੁਣ ਖ਼ਬਰਾਂ ਵਿਸਥਾਰ ਨਾਲ |

**ਹੁਣ ਖ਼ਬਰਾਂ ਵਿਸਥਾਰ ਨਾਲ |**

ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ ਕਿਹਾ ਏ ਕਿ ਸਹਿਕਾਰੀ ਲਹਿਰ ਸੁਧਾਰਾਂ, ਡਿਜੀਟਾਈਜ਼ੇਸ਼ਨ ਅਤੇ ਪੇਸ਼ੇਵਰ ਪ੍ਰਬੰਧਨ ਰਾਹੀਂ ਪਸਾਰ ਦੇ ਇੱਕ ਨਵੇਂ ਪੜਾਅ ਵਿੱਚ ਦਾਖਲ ਹੋ ਰਹੀ ਏ । ਸਹਿਕਾਰਤਾ ਮੰਤਰਾਲੇ ਦੇ 5ਵੇਂ ਸਥਾਪਨਾ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਸ਼ਾਹ ਨੇ ਕਿਹਾ ਕਿ ਹਰੇਕ ਖੇਤਰ ਵਿੱਚ ਸਭ ਤੋਂ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਪੰਜ ਸਹਿਕਾਰੀ ਸਭਾਵਾਂ ਨੂੰ ਮਾਨਤਾ ਦੇਣ ਲਈ ਇੱਕ ਰੈਂਕਿੰਗ ਫਰੇਮਵਰਕ ਦਾ ਐਲਾਨ ਕੀਤਾ ਗਿਆ ਏ. ਗ੍ਰਹਿ ਮੰਤਰੀ ਨੇ ਕਿਹਾ ਕਿ ਰਾਜਾਂ ਵਲੋਂ ਅਪਣਾਏ ਗਏ ਮਾਡਲ ਉਪ-ਨੇਮਾਂ ਰਾਹੀਂ ਆਪਣੀਆਂ ਗਤੀਵਿਧੀਆਂ ਦੇ ਦਾਇਰੇ ਦਾ ਪਸਾਰ ਕਰਕੇ

ਮੁਢਲੀਆਂ ਖੇਤੀਬਾੜੀ ਕਰਜ਼ਾ ਸਭਾਵਾਂ (ਪੀ ਏ ਸੀ ਐਸ) ਨੂੰ ਮਜ਼ਬੂਤ ਕਰਨ ਦੇ ਯਤਨ ਵੀ ਕੀਤੇ ਜਾ ਰਹੇ ਨੇ. ਉਨ੍ਹਾਂ ਕਿਸਾਨਾਂ ਨੂੰ ਜੈਵਿਕ ਖੇਤੀਬਾੜੀ ਉਤਪਾਦਾਂ ਦਾ ਉਤਪਾਦਨ ਵਧਾਉਣ ਅਤੇ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਘਟਾਉਣ ਦੀ ਅਪੀਲ ਵੀ ਕੀਤੀ। ਸ੍ਰੀ ਸ਼ਾਹ ਨੇ ਪਿਛਲੇ 5 ਸਾਲਾਂ ਤੋਂ ਸਹਿਯੋਗ ਰਾਹੀਂ ਖੁਸ਼ਹਾਲੀ ਦੇ ਮੰਤਰ ਦੀ ਪਾਲਣਾ ਕਰਕੇ ਲੱਖਾਂ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆਉਣ ਲਈ ਸਹਿਕਾਰਤਾ ਮੰਤਰਾਲੇ ਦੀ ਸ਼ਲਾਘਾ ਕੀਤੀ-

byte

ਗ੍ਰਹਿ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬੀਜ ਉਤਪਾਦਨ ਦੇ ਖੇਤਰ ਵਿੱਚ ਸਥਾਪਿਤ ਰਾਸ਼ਟਰੀ ਸਹਿਕਾਰੀ ਕਮੇਟੀ ਆਉਣ ਵਾਲੇ ਤਿੰਨ ਸਾਲਾਂ ਵਿੱਚ ਭਾਰਤ ਦੇ ਸਭ ਤੋਂ ਵੱਡੇ ਗੈਰ-ਸਰਕਾਰੀ ਬੀਜ ਉਤਪਾਦਨ ਸੰਗਠਨ ਵਜੋਂ ਉਭਰੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਰਾਹੀਂ ਤਿੰਨ ਉਦੇਸ਼ਾਂ 'ਤੇ ਕੰਮ ਕੀਤਾ ਜਾ ਰਿਹਾ ਏ ਜਿਸ ਵਿੱਚ ਕਿਸਾਨਾਂ ਨੂੰ ਸ਼ੁੱਧ ਅਤੇ ਮਿਲਾਵਟ-ਮੁਕਤ ਬੀਜ ਪ੍ਰਦਾਨ ਕਰਨਾ, ਵੱਧ ਉਤਪਾਦਨ ਦੇਣ ਵਾਲੀਆਂ ਵਧੀਆ ਬੀਜ ਕਿਸਮਾਂ ਦਾ ਵਿਕਾਸ ਅਤੇ ਵੰਡ, ਅਤੇ ਭਾਰਤੀ ਰਵਾਇਤੀ ਬੀਜਾਂ ਦੀ ਸੰਭਾਲ ਸ਼ਾਮਿਲ ਏ. ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਉਨ੍ਹਾਂ ਦੀ 125ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰਦੇ ਹੋਏ, ਸ੍ਰੀ ਸ਼ਾਹ ਨੇ ਕਿਹਾ

ਕਿ ਡਾ. ਮੁਖਰਜੀ ਨੇ ਆਪਣਾ ਪੂਰਾ ਜੀਵਨ ਭਾਰਤੀਅਤਾ ਤੇ ਭਾਰਤ ਮਾਤਾ ਪ੍ਰਤੀ ਸਮਰਪਿਤ ਕਰ ਦਿੱਤਾ-

byte

---------------------------------------------------

ਦੇਸ਼ ਅੱਜ ਭਾਰਤੀ ਜਨ ਸੰਘ ਦੇ ਸੰਸਥਾਪਕ, ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125 ਵੀਂ ਜਨਮ ਵਰ੍ਹੇਗੰਢ 'ਤੇ ਓਹਨਾਂ ਨੂੰ ਨਮਨ ਕਰ ਰਿਹਾ ਏ। ।ਭਾਜਪਾ ਦੇ ਚੰਡੀਗੜ੍ਹ ਦਫ਼ਤਰ ਵਿਖੇ, ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਮਨਾਈ। ਓਹਨਾਂ ਨੇ ਸ਼੍ਰੀ ਮੁਖਰਜੀ ਦੀ ਫੋਟੋ 'ਤੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ. ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਿਆਮਾ ਪ੍ਰਸਾਦ ਮੁਖਰਜੀ ਆਜ਼ਾਦੀ ਲਈ ਲੜਦੇ ਹੋਏ ਸ਼ਹੀਦ ਹੋਏ ਸਨ.

byte

---------------------------------------------------

ਭਾਰਤ ਸਰਕਾਰ ਦੇ ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲੇ ਅਧੀਨ, MY ਭਾਰਤ ਚੰਡੀਗੜ੍ਹ, ਨੇ ਵੀ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਜਨਮਦਿਨ ਨੂੰ ਮਨਾਉਣ ਲਈ ਰਾਸ਼ਟਰ ਪ੍ਰਤੀ ਓਹਨਾਂ ਦੇ ਦ੍ਰਿਸ਼ਟੀਕੋਣ, ਵਿਚਾਰਾਂ, ਅਤੇ ਵਡਮੁੱਲੇ ਯੋਗਦਾਨ ਨੂੰ ਦਰਸਾਉਂਦੇ ਪ੍ਰੋਗ੍ਰਾਮ

ਕਰਾਏ ਤਾਂ ਜੋ ਨੌਜੁਆਨਾਂ ਨੂੰ ਪ੍ਰੇਰਿਤ ਕੀਤਾ ਜਾ ਸਕੇ. ਉੱਥੇ ਰਾਸ਼ਟਰਵਾਦੀ ਨੇਤਾ ਨੂੰ ਸ਼ਰਧਾਂਜਲੀ ਦਿੰਦੇ ਹੋਏ ਚੁਗਿਰਦਾ ਸੰਭਾਲ ਅਤੇ ਹਰੇ ਭਰੇ ਭਾਰਤ ਦੇ ਸੰਦੇਸ਼ ਨੂੰ ਉਤਸ਼ਾਹਿਤ ਕਰਨ ਲਈ ਇੱਕ ਰੁੱਖ ਲਗਾਉਣ ਦੀ ਮੁਹਿੰਮ ਵੀ ਕਰਾਈ ਗਈ.

---------------------------------------------------------

ਯੂਨੀਵਰਸਿਟੀਆਂ ਅਤੇ ਕਾਲਜਾਂ ਲਈ 17ਵੇਂ ਰਾਸ਼ਟਰੀ ਯੁਵਾ ਸੰਸਦ ਮੁਕਾਬਲੇ, 2024-25 ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ 7 ਵਿੱਚੋਂ ਪੰਜਾਬ ਦੇ ਦੋ ਅਤੇ ਹਰਿਆਣਾ ਦੇ ਇੱਕ ਵਿਦਿਅਕ ਅਦਾਰੇ ਨੂੰ ਜੇਤੂ ਐਲਾਨਿਆ ਗਿਆ ਏ। ਪੰਜਾਬ ਸਥਿਤ ਸੰਸਥਾਵਾਂ ਵਿੱਚ ਡੀਏਵੀ ਕਾਲਜ, ਜਲੰਧਰ ਅਤੇ ਕੇਂਦਰੀ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਸ਼ਾਮਿਲ ਨੇ. ਜਦੋਂ ਕਿ ਕੁਰੂਕਸ਼ੇਤਰ ਯੂਨੀਵਰਸਿਟੀ ਹਰਿਆਣਾ ਤੋਂ ਏ। ਇਹ ਸੱਤ ਅਦਾਰੇ ਦੇਸ਼ ਦੀਆਂ 51 ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚੋਂ ਚੁਣੇ ਗਏ ਨੇ. ਇਨਾਮ ਵੰਡ ਸਮਾਰੋਹ ਕੱਲ੍ਹ 7 ਜੁਲਾਈ ਨੂੰ ਜੀ ਐਮ ਸੀ ਬਾਲਯੋਗੀ ਆਡੀਟੋਰੀਅਮ, ਸੰਸਦ ਭਵਨ ਕੰਪਲੈਕਸ, ਨਵੀਂ ਦਿੱਲੀ ਵਿਖੇ ਹੋਵੇਗਾ। ਕਾਨੂੰਨ ਅਤੇ ਨਿਆਂ ਰਾਜ ਮੰਤਰੀ (ਸੁਤੰਤਰ ਚਾਰਜ), ਅਰਜੁਨ ਰਾਮ ਮੇਘਵਾਲ ਅਤੇ ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ, ਸਮਾਗਮ ਦੀ ਪ੍ਰਧਾਨਗੀ ਕਰਨਗੇ ਅਤੇ ਇਨਾਮ ਜੇਤੂ ਯੂਨੀਵਰਸਿਟੀਆਂ ਤੇ ਕਾਲਜਾਂ ਅਤੇ ਵਿਦਿਆਰਥੀਆਂ ਨੂੰ ਮੁਕਾਬਲੇ ਵਿੱਚ ਉਨ੍ਹਾਂ ਦੀ ਸ਼ਾਨਦਾਰ

ਕਾਰਗੁਜ਼ਾਰੀ ਲਈ ਸਨਮਾਨਿਤ ਕਰਨਗੇ । ਮੁਕਾਬਲੇ ਵਿੱਚ ਰਾਸ਼ਟਰੀ ਪੱਧਰ 'ਤੇ ਪਹਿਲੇ ਸਥਾਨ 'ਤੇ ਰਹਿਣ ਲਈ ਅਟਲ ਬਿਹਾਰੀ ਵਾਜਪਾਈ ਰਨਿੰਗ ਪਾਰਲੀਮੈਂਟਰੀ ਸ਼ੀਲਡ ਅਤੇ ਟਰਾਫੀ, ਕਸ਼ਮੀਰ ਯੂਨੀਵਰਸਿਟੀ, ਜੰਮੂ-ਕਸ਼ਮੀਰ ਨੂੰ ਦਿੱਤੀ ਜਾਵੇਗੀ। ਇਸ ਤੋਂ ਇਲਾਵਾ, ਮੰਤਰੀ ਵੱਲੋਂ ਇਨ੍ਹਾਂ 7 ਯੂਨੀਵਰਸਿਟੀਆਂ ਤੇ ਕਾਲਜਾਂ ਨੂੰ ਮੁਕਾਬਲੇ ਵਿੱਚ ਗਰੁੱਪ ਪੱਧਰ 'ਤੇ ਪਹਿਲੇ ਸਥਾਨ 'ਤੇ ਰਹਿਣ ਲਈ ਗਰੁੱਪ ਪੱਧਰ ਦੀਆਂ ਜੇਤੂ ਟਰਾਫੀਆਂ ਵੀ ਪ੍ਰਦਾਨ ਕੀਤੀਆਂ ਜਾਣਗੀਆਂ। ਸੰਸਦੀ ਮਾਮਲਿਆਂ ਬਾਰੇ ਮੰਤਰਾਲਾ ਪਿਛਲੇ 29 ਸਾਲਾਂ ਤੋਂ ਯੂਨੀਵਰਸਿਟੀਆਂ ਤੇ ਕਾਲਜਾਂ ਲਈ ਯੁਵਾ ਸੰਸਦ ਮੁਕਾਬਲੇ ਕਰ ਰਿਹਾ ਏ.

---------------------------------------------------

ਐਨ.ਆਰ.ਆਈ. ਮਾਮਲਿਆਂ ਬਾਰੇ ਵਿਭਾਗ ਵੱਲੋਂ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਬੁੱਧਵਾਰ, 8 ਜੁਲਾਈ, ਨੂੰ ਸਵੇਰੇ 11:00 ਵਜੇ ‘ਆਨਲਾਈਨ ਐਨ.ਆਰ.ਆਈ. ਮਿਲਣੀ’ ਕਰਵਾਈ ਜਾਵੇਗੀ। ਇਸਦਾ ਉਦੇਸ਼ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਦੇ ਮਸਲਿਆਂ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਹੱਲ ਕਰਨਾ ਏ. ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ‘ਆਨਲਾਈਨ ਐਨ.ਆਰ.ਆਈ. ਮਿਲਣੀ’ , ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨੂੰ ਸਿੱਧੇ ਤੌਰ ’ਤੇ ਉਨ੍ਹਾਂ ਨਾਲ

ਗੱਲਬਾਤ ਕਰਨ ਅਤੇ ਆਪਣੀਆਂ ਸ਼ਿਕਾਇਤਾਂ, ਸੁਝਾਅ ਅਤੇ ਸਮੱਸਿਆਵਾਂ ਸਾਂਝੀਆਂ ਕਰਨ ਲਈ ਸਮਰਪਿਤ ਮੰਚ ਪ੍ਰਦਾਨ ਕਰੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਮਿਲਣੀ ਵਿੱਚ ਹਿੱਸਾ ਲੈਣ ਦੇ ਚਾਹਵਾਨ ਆਪਣੀਆਂ ਸ਼ਿਕਾਇਤਾਂ ਪਹਿਲਾਂ ਹੀ minister.paOpunjab.gov.in ’ਤੇ ਈਮੇਲ ਰਾਹੀਂ ਜਮ੍ਹਾਂ ਕਰਵਾ ਸਕਦੇ

---------------------------------------------------------

ਪੰਜਾਬ ਅਤੇ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਨੇ ਸ਼ਨੀਚਰਵਾਰ ਨੂੰ ਚੰਡੀਗੜ੍ਹ ਦੇ ਸਨਅਤੀ ਖੇਤਰ ਵਿੱਚ ਇੱਕ ਇਮਾਰਤ ਡਿੱਗਣ ਨਾਲ ਦੋ ਵਿਅਕਤੀਆਂ ਦੀ ਮੌਤ ਨਾਲ ਸੰਬੰਧਿਤ ਇੱਕ ਮਾਮਲੇ ਵਿੱਚ ਡਿਪਟੀ ਕਮਿਸ਼ਨਰ, ਚੰਡੀਗੜ੍ਹ ਤੋਂ ਰਿਪੋਰਟ ਮੰਗੀ ਏ । ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਹਾਦਸੇ ਨਾਲ ਸੰਬੰਧਿਤ ਖ਼ਬਰਾਂ ਦਾ ਖੁਦ ਨੋਟਿਸ ਲੈਂਦੇ ਹੋਏ, ਕਮਿਸ਼ਨ ਨੇ ਡਿਪਟੀ ਕਮਿਸ਼ਨਰ ਨੂੰ 5 ਅਗਸਤ ਨੂੰ ਹੋਣ ਵਾਲੀ ਅਗਲੀ ਸੁਣਵਾਈ ਤੋਂ ਇੱਕ ਹਫ਼ਤਾ ਪਹਿਲਾਂ ਰਿਪੋਰਟ ਪੇਸ਼ ਕਰਨ ਲਈ ਕਿਹਾ ਏ. ਸ਼ਨੀਚਰਵਾਰ ਨੂੰ, ਸਨਅਤੀ ਖੇਤਰ, ਫੇਜ਼-2 ਵਿੱਚ ਇੱਕ ਦੋ ਮੰਜ਼ਿਲਾ ਇਮਾਰਤ ਓਦੋਂ ਢਹਿ ਗਈ ਜਦੋਂ ਮੁਰੰਮਤ ਦਾ ਕੰਮ ਚੱਲ ਰਿਹਾ ਸੀ। ਰਾਹਤ ਅਤੇ ਬਚਾਅ ਕਾਰਜਾਂ ਲਈ ਐਨ ਡੀ ਆਰ ਐਫ ਦੀ ਇੱਕ ਟੀਮ ਤਾਇਨਾਤ ਕੀਤੀ ਗਈ ਸੀ। ਕਰੀਬ 5 ਘੰਟਿਆਂ ਦੀ ਸਖ਼ਤ ਕੋਸ਼ਿਸ਼ ਤੋਂ ਬਾਅਦ, ਮਲਬੇ ਹੇਠ ਫਸੇ ਦੋ ਵਿਅਕਤੀਆਂ, ਨੂੰ ਬਾਹਰ ਕੱਢਿਆ ਗਿਆ।

ਹਾਲਾਂਕਿ, ਦੋਵਾਂ ਦੀ ਹਸਪਤਾਲ ਵਿੱਚ ਮੌਤ ਹੋ ਗਈ। ਉਹ ਇਮਾਰਤ ਦੇ ਭਾਈਵਾਲ ਸਨ ਅਤੇ ਮੇਰਠ ਦੇ ਵਸਨੀਕ ਸਨ। ਮਲਬੇ ਵਿੱਚੋਂ ਪੰਜ ਹੋਰਾਂ ਨੂੰ ਬਚਾਇਆ ਗਿਆ।

---------------------------------------------------

ਭਾਰਤ ਦੀ ਮਰਦਾਂ ਦੀ ਅੰਡਰ-18 ਹਾਕੀ ਟੀਮ ਲਈ 11 ਦਿਨਾਂ ਦਾ ਰਾਸ਼ਟਰੀ ਕੋਚਿੰਗ ਕੈਂਪ ਚੰਡੀਗੜ੍ਹ ਦੇ ਪੰਜਾਬ ਯੂਨੀਵਰਸਿਟੀ ਕੈਂਪਸ ਵਿੱਚ ਅੱਜ ਤੋਂ 17 ਜੁਲਾਈ, ਤੱਕ ਲਾਇਆ ਜਾ ਰਿਹਾ ਏ. ਇਸ ਕੈਂਪ ਦਾ ਉਧਘਾਟਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਰੇਨੁ ਵਿਗ ਨੇ ਕੀਤਾ | ਯੂਨੀਵਰਸਿਟੀ ਪੰਜ ਦਹਾਕਿਆਂ ਤੋਂ ਵੱਧ ਸਮੇਂ ਬਾਅਦ ਅਜਿਹੇ ਰਾਸ਼ਟਰੀ ਪੱਧਰ ਦੇ ਭਾਰਤੀ ਹਾਕੀ ਕੋਚਿੰਗ ਕੈਂਪ ਦੀ ਮੇਜ਼ਬਾਨੀ ਕਰ ਰਹੀ ਏ। ਇਹ ਕੈਂਪ ਹਾਕੀ ਇੰਡੀਆ ਦੇ ਸਹਿਯੋਗ ਨਾਲ ਭਾਰਤ ਦੀ AHF ਯੂਥ ਹਾਕੀ ਏਸ਼ੀਅਨ ਚੈਂਪੀਅਨਸ਼ਿਪ 2026 ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਕਰਾਇਆ ਜਾ ਰਿਹਾ ਏ, ਜੋ ਕਿ 20 ਤੋਂ 25 ਜੁਲਾਈ, 2026 ਤੱਕ ਓਮਾਨ ਵਿੱਚ ਹੋਣ ਵਾਲੀ ਏ.

---------------------------------------------------

ਸਹਿਕਾਰਿਤਾ ਮੰਤਰੀ ਅਮਿਤ ਸ਼ਾਹ ਨੇ ਕਿਹੈ ਕਿ ਸਹਿਕਾਰੀ ਲਹਿਰ, ਸੁਧਾਰਾਂ, ਡਿਜੀਟਾਈਜ਼ੇਸ਼ਨ ਅਤੇ ਪੇਸ਼ੇਵਰ ਪ੍ਰਬੰਧਨ ਰਾਹੀਂ, ਪਸਾਰ ਦੇ ਇੱਕ ਨਵੇਂ ਪੜਾਅ ਵਿੱਚ ਦਾਖਲ ਹੋ ਰਹੀ ਏ।

ਦੇਸ਼ ਅੱਜ ਭਾਰਤੀ ਜਨ ਸੰਘ ਦੇ ਸੰਸਥਾਪਕ, ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125 ਵੀਂ ਜਨਮ ਵਰ੍ਹੇਗੰਢ 'ਤੇ ਓਹਨਾਂ ਨੂੰ ਨਮਨ ਕਰ ਰਿਹਾ ਏ। ਪੰਜਾਬ ਤੇ ਚੰਡੀਗੜ੍ਹ ਵਿਚ ਵੀ ਇਸ ਸੰਬੰਧੀ ਪ੍ਰੋਗ੍ਰਾਮ ਕਰਾਏ ਗਏ |

17ਵੇਂ ਰਾਸ਼ਟਰੀ ਯੁਵਾ ਸੰਸਦ ਮੁਕਾਬਲਿਆਂ , 2024-25 ਵਿਚ ਪੰਜਾਬ ਦੇ ਦੋ ਅਤੇ ਹਰਿਆਣਾ ਦੇ ਇਕ ਵਿਦਿਅਕ ਅਦਾਰੇ ਨੂੰ ਜੇਤੂ ਐਲਾਨਿਆ ਗਿਆ ਏ |

ਪੰਜਾਬ ਸਰਕਾਰ ਵਲੋਂ ਆਨਲਾਈਨ ਐਨ.ਆਰ.ਆਈ. ਮਿਲਣੀ' 8 ਜੁਲਾਈ, ਨੂੰ ਹੋਏਗੀ |

ਭਾਰਤ ਦੀ ਮਰਦਾਂ ਦੀ ਅੰਡਰ-18 ਹਾਕੀ ਟੀਮ ਲਈ 11 ਦਿਨਾਂ ਦਾ ਰਾਸ਼ਟਰੀ ਕੋਚਿੰਗ ਕੈਂਪ ਚੰਡੀਗੜ੍ਹ ਦੇ ਪੰਜਾਬ ਯੂਨੀਵਰਸਿਟੀ ਕੈਂਪਸ ਵਿੱਚ ਅੱਜ ਤੋਂ 17 ਜੁਲਾਈ, ਤੱਕ ਲਾਇਆ ਜਾ ਰਿਹਾ ਏ |
ਹੁਣ ਖ਼ਬਰਾਂ ਵਿਸਥਾਰ ਨਾਲ |

---------------------------------------------------

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7.30 ਵਜੇ ਨਮਸਕਾਰ !